ਵਲੋਂ

ਡਾਇਰੈਕਟਰ, ਤਕਨੀਕੀ ਸਿੱਖਿਆ ਅਤੇ
ਉਦਯੋਗਿਕ ਸਿਖਲਾਈ ਵਿਭਾਗ, ਪੰਜਾਬ,
(ਤਕਨੀਕੀ ਸਿੱਖਿਆ ਵਿੰਗ),
ਚੰਡੀਗੜ੍ਹ।

ਸੇਵਾ ਵਿਖੇ

ਪ੍ਰਿੰਸੀਪਲ/ਡਾਇਰੈਕਟਰ
ਪੰਜਾਬ ਰਾਜ ਵਿੱਚ ਸਥਿਤ,
ਸਮੂਹ ਇੰਜਨੀਅਰਿੰਗ /ਡਿਪਲੋਮਾ ਕਾਲਜ,
ਮੀਮੋ ਨੰ: ਟੀਈ/ /ਸਕਾਲਰਸ਼ਿਪ
ਚੰਡੀਗੜ ਦੀ, ਮਿਤੀ: /2013

ਵਿਸ਼ਾ: ਅਧੀਨ ਕਾਲਜਾਂ ਵਲੋਂ ਪਾਸ ਆਊਟ ਹੋ ਚੁੱਕੇ ਐਸ.ਸੀ. ਵਿਦਿਆਰਥੀਆਂ ਦੇ ਸਰਟੀਫਿਕੇਟ/ ਡੀ.ਐਮ.ਸੀ. ਵਾਪਸ ਕਰਨ ਬਾਰੇ।

ਇਸ ਸਬੰਧੀ ਦੱਸਿਆ ਜਾਂਦਾ ਹੈ ਕਿ ਅਧੀਨ ਸੰਸਥਾਵਾਂ ਵਿਚੋਂ ਬਹੁਤ ਸਾਰੇ ਕਾਲਜਾਂ ਦੇ ਅ. ਜਾਤੀ ਨਾਲ ਸਬੰਧਤ ਪਾਸ ਆਊਟ ਵਿਦਿਆਰਥੀ ਜਾਂ ਉਨ੍ਹਾਂ ਦੇ ਮਾਪੇ ਮੁੱਖ ਦਫਤਰ ਵਿੱਚ ਆ ਕੇ ਸ਼ਿਕਾਇਤ ਕਰਦੇ ਹਨ ਕਿ ਸਬੰਧਿਤ ਕਾਲਜ ਉਨ੍ਹਾਂ ਦੇ ਅਸਲ ਸਰਟੀਫਿਕੇਟ / ਡੀ.ਐਮ.ਸੀ. ਵਾਪਸ ਨਹੀਂ ਕਰਦੇ ਜਿਸ ਕਾਰਨ ਵਿਦਿਆਰਥੀਆਂ ਨੂੰ ਅਗਲੀ ਪੜਾਈ ਵਿੱਚ ਦਾਖਲਾ ਲੈਣ ਜਾਂ ਨੌਕਰੀ ਆਦਿ ਲੈਣ ਵਿੱਚ ਬਹੁਤ ਦਿੱਕਤ ਆਉਂਦੀ ਹੈ। ਕਾਲਜਾਂ ਵਲੋਂ ਅਕਸਰ ਅ. ਜਾਤੀ ਦੇ ਵਿਦਿਆਰਥੀਆਂ ਪਾਸੋਂ ਪੂਰੀ ਫੀਸ ਦੀ ਮੰਗ ਕੀਤੀ ਜਾਂਦੀ ਹੈ ਅਤੇ ਕਿਹਾ ਜਾਂਦਾ ਹੈ ਕਿ ਫੀਸ ਦੇਣ ਉਪਰੰਤ ਹੀ ਆਪ ਦੇ ਅਸਲ ਸਰਟੀਫਿਕੇਟ/ਡੀ.ਐਮ.ਸੀ. ਵਾਪਸ ਕੀਤੇ ਜਾਣਗੇ। ਇਨ੍ਹਾਂ ਅ. ਜਾਤੀ ਦੇ ਵਿਦਿਆਰਥੀਆਂ ਦੀ ਫੀਸਾਂ ਡਾਇਰੈਕਟਰ ਅਨੁਸੂਚਿਤ ਜਾਤੀਆਂ ਅਤੇ ਪਛੜੀਆਂ ਸ਼੍ਰੇਣੀਆਂ ਭਲਾਈ ਵਿਭਾਗ, ਪੰਜਾਬ ਵਲੋਂ ਵਾਪਸ ਕੀਤੀਆਂ ਜਾਣੀਆਂ ਜਿਸ ਨੂੰ ਵਾਪਸ ਕਰਨ ਵਿੱਚ ਦੇਰੀ ਹੋਣ ਕਾਰਨ ਇਨ੍ਹਾਂ ਵਿਦਿਆਰਥੀਆਂ ਦੇ ਅਸਲ ਸਰਟੀਫਿਕੇਟ/ਡੀ.ਐਮ.ਸੀਜ ਨੂੰ ਨਾ ਦੇਣਾ ਕਿਸੇ ਵੀ ਤਰਾਂ ਉਚਿੱਤ ਨਹੀਂ ਹੈ।

ਉਪਰੋਕਤ ਦੇ ਸਨਮੁੱਖ ਪੰਜਾਬ ਰਾਜ ਵਿੱਚ ਸਥਿਤ ਸਾਰੇ ਇੰਜ. ਕਾਲਜਾਂ ਅਤੇ ਡਿਪਲੋਮਾ ਕਾਲਜਾਂ ਦੇ ਡਾਇਰੈਕਟਰਾਂ/ਪ੍ਰਿੰਸੀਪਲਾਂ ਨੂੰ ਇਹ ਹਦਾਇਤ ਕੀਤੀ ਜਾਂਦੀ ਹੈ ਕਿ ਭਵਿੱਖ ਵਿੱਚ ਅ.ਜਾਤੀ ਦੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਸਰਟੀਫਿਕੇਟ/ਡੀ.ਐਮ.ਸੀ. ਸਮੇਂ ਸਿਰ ਮੁਹੱਈਆ ਕਰਵਾਉਣੇ ਯਕੀਨੀ ਬਣਾਏ ਜਾਣ ਤਾਂ ਜੋ ਵਿਦਿਆਰਥੀਆਂ ਦੇ ਭਵਿੱਖ ਨਾਲ ਖਿਲਵਾੜ ਨਾ ਹੋ ਸਕੇ ਅਤੇ ਉਹ ਅੱਗੇ ਇਨ੍ਹਾਂ ਦੀ ਲੋੜ ਅਨੁਸਾਰ ਵਰਤੋਂ ਕਰ ਸਕਣ। ਜਿਥੋਂ ਤੱਕ ਇਨ੍ਹਾਂ ਵਿਦਿਆਰਥੀਆਂ ਦੀਆਂ ਫੀਸਾਂ ਦੀ ਵਾਪਸੀ ਦਾ ਸਵਾਲ ਹੈ, ਇਹ ਭਲਾਈ ਵਿਭਾਗ ਵਲੋਂ ਸਿੱਧੇ ਹੀ ਆਪ ਨੂੰ ਵਾਪਸ ਕੀਤੀਆਂ ਜਾਣੀਆਂ ਹਨ। ਜੇਕਰ ਇਨ੍ਹਾਂ ਹਦਾਇਤਾਂ ਦੀ ਉਲੰਘਣਾ ਕਾਰਨ ਕੋਈ ਕਾਨੂੰਨੀ ਅੜਚਣ ਪੈਦਾ ਹੁੰਦੀ ਹੈ ਤਾਂ ਉਸ ਦੀ ਸਾਰੀ ਜਿੰਮੇਵਾਰੀ ਆਪ ਦੀ ਹੋਵੇਗੀ।

ਵਧੀਕ ਡਾਇਰੈਕਟਰ
ਵਾ:ਡਾਇਰੈਕਟਰ ਤਕਨੀਕੀ ਸਿੱਖਿਆ ਅਤੇ
ਉਦਯੋਗਿਕ ਸਿਖਲਾਈ ਵਿਭਾਗ,ਪੰਜਾਬ।

ਪਿੱਠ ਅੰਕਣ ਨੰਬਰ ਟੀਈ/ /ਸਕਾਲਰਸ਼ਿਪ ਮਿਤੀ

ਉਪਰੋਕਤ ਦਾ ਉਤਾਰਾ ਡਾਇਰੈਕਟਰ ਅਨੁਸੂਚਿਤ ਜਾਤੀਆਂ ਅਤੇ ਪਛੜੀਆਂ ਸ਼੍ਰੇਣੀਆਂ ਭਲਾਈ ਵਿਭਾਗ, ਪੰਜਾਬ ਚੰਡੀਗੜ ਨੂੰ ਭੇਜਦਿਆਂ ਬੇਨਤੀ ਕੀਤੀ ਜਾਂਦੀ ਹੈ ਕਿ ਅ.ਜਾਤੀ ਦੇ ਵਿਦਿਆਰਥੀਆਂ ਦੀ ਸਮੱਸਿਆ ਨੂੰ ਹੱਲ ਕਰਵਾਉਣ ਲਈ ਆਪ ਦੇ ਪੱਧਰ ਤੇ ਵੀ ਬਣਦੀ ਯੋਗ ਕਾਰਵਾਈ ਕਰਨ ਦੀ ਕ੍ਰਿਪਾਲਤਾ ਕੀਤੀ ਜਾਵੇ ਜੀ।

ਵਧੀਕ ਡਾਇਰੈਕਟਰ
ਵਾ:ਡਾਇਰੈਕਟਰ ਤਕਨੀਕੀ ਸਿੱਖਿਆ ਅਤੇ
ਉਦਯੋਗਿਕ ਸਿਖਲਾਈ ਵਿਭਾਗ,ਪੰਜਾਬ।

ਪਿੱਠ ਅੰਕਣ ਨੰਬਰ ਟੀਈ/ 2047 /ਸਕਾਲਰਸ਼ਿਪ ਮਿਤੀ 19/9/13

ਉਪਰੋਕਤ ਦਾ ਉਤਾਰਾ ਪ੍ਰੋਗਰਾਮਰ, ਮੁੱਖ ਦਫਤਰ ਨੂੰ ਭੇਜਦਿਆਂ ਲਿਖਿਆ ਜਾਂਦਾ ਹੈ ਕਿ ਇਸ ਪੱਤਰ ਨੂੰ ਵਿਭਾਗ ਦੀ ਵੈਬਸਾਈਟ ਤੇ ਅਪਲੋਡ ਕੀਤਾ ਜਾਵੇ।

ਵਧੀਕ ਡਾਇਰੈਕਟਰ
ਵਾ:ਡਾਇਰੈਕਟਰ ਤਕਨੀਕੀ ਸਿੱਖਿਆ ਅਤੇ
ਉਦਯੋਗਿਕ ਸਿਖਲਾਈ ਵਿਭਾਗ,ਪੰਜਾਬ।